# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 pm**

**ਮਿਤੀ: 18-05-2025**

- ਸੰਸਦੀ ਮਾਮਲਿਆਂ ਬਾਰੇ ਮੰਤਰੀ ਕਿਰੇਨ ਰਿਜੀਜੂ ਨੇ ਕਿਹਾ ਏ ਕਿ ਸੱਤ, ਸਰਬ-ਪਾਰਟੀ ਵਫ਼ਦ ਜਲਦੀ ਹੀ 32 ਦੇਸ਼ਾਂ ਨਾਲ ਗੱਲਬਾਤ ਕਰਨਗੇ ।
- ਪੰਜਾਬ ਪੁਲਿਸ ਵਲੋਂ ਗੁਆਂਢੀ ਸੂਬੇ ਹਰਿਆਣਾ ਦੀ ਹੱਦ ਵਾਲੇ ਪਾਸਿਓ ਆਉਂਦੇ ਨਸ਼ਿਆਂ ਨੂੰ ਰੋਕਣ ਲਈ  ਨਾਕਾਬੰਦੀ ਸਖਤ ਕੀਤੀ ।
- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ -ਸੂਬੇ ਵਿੱਚ 10ਵੀਂ ਅਤੇ 12ਵੀਂ ਜਮਾਤ ਦੇ ਸ਼ਾਨਦਾਰ ਨਤੀਜੇ ਦਰਸਾਉਂਦੇ ਨੇ ਕਿ ਨੌਜਵਾਨ ਸੂਬੇ ਨੂੰ ਰੰਗਲਾ ਪੰਜਾਬ ਬਣਾਉਣ ਵਿਚ ਫੈਸਲਾਕੁੰਨ ਭੂਮਿਕਾ ਨਿਭਾ ਰਹੇ ਨੇ ।
- ਅਜਾਇਬ ਘਰਾਂ ਦੀ ਭੂਮਿਕਾ ਬਾਰੇ ਜਾਗਰੂਕਤਾ ਵਧਾਉਣ ਲਈ, ਅੱਜ ਕੌਮਾਂਤਰੀ ਅਜਾਇਬ-ਘਰ ਦਿਵਸ ਮਨਾਇਆ ਜਾ ਰਿਹਾ ਏ ।

- ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਤਿੰਨ ਨਸ਼ਾ ਤਸਕਰਾਂ ਨੂੰ, 10 ਕਿਲੋ ਤੋਂ ਵੱਧ ਹੈਰੋਇਨ ਸਮੇਤ ਕੀਤਾ ਗ੍ਰਿਫਤਾਰ।
- SAFF ਅੰਡਰ-19 ਫੁੱਟਬਾਲ ਚੈਂਪੀਅਨਸ਼ਿਪ ਦਾ ਫਾਈਨਲ ਅੱਜ ਭਾਰਤ ਅਤੇ ਬੰਗਲਾਦੇਸ਼ ਵਿਚਕਾਰ ਖੇਡਿਆ ਜਾਵੇਗਾ।

--------------------------------------------------------

ਸੰਸਦੀ ਮਾਮਲਿਆਂ ਬਾਰੇ ਮੰਤਰੀ ਕਿਰੇਨ ਰਿਜੀਜੂ ਨੇ ਕਿਹਾ ਏ ਕਿ ਸੱਤ, ਸਰਬ-ਪਾਰਟੀ ਵਫ਼ਦ ਜਲਦੀ ਹੀ 32 ਦੇਸ਼ਾਂ ਨਾਲ ਗੱਲਬਾਤ ਕਰਨਗੇ।ਉਨ੍ਹਾਂ ਕਿਹਾ ਕਿ ਇਹ ਆਪ੍ਰੇਸ਼ਨ ਸਿੰਦੂਰ ਤਹਿਤ ਦਹਿਸ਼ਤਗਰਦੀ ਵਿਰੁੱਧ ਭਾਰਤ ਦੇ ਸਮੂਹਿਕ ਸੰਕਲਪ ਨੂੰ ਦਰਸਾਉਂਦਾ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਰਿਜੀਜੂ ਨੇ ਇਸ ਸੰਯੁਕਤ ਮੋਰਚੇ ਦੀ ਨੁਮਾਇੰਦਗੀ ਕਰਨ ਵਾਲੇ ਸੰਸਦ ਮੈਂਬਰਾਂ ਅਤੇ ਵਫ਼ਦਾਂ ਦੀ ਸੂਚੀ ਸਾਂਝੀ ਕੀਤੀ। ਭਾਰਤੀ ਜਨਤਾ ਪਾਰਟੀ ਦੇ ਸੰਸਦ ਮੈਂਬਰ ਬੈਜਯੰਤ ਪਾਂਡਾ ਦੀ ਅਗਵਾਈ ਵਾਲਾ ਵਫ਼ਦ ਸਾਊਦੀ ਅਰਬ, ਬਹਿਰੀਨ, ਕੁਵੈਤ ਅਤੇ ਅਲਜੀਰੀਆ ਦਾ ਦੌਰਾ ਕਰੇਗਾ। BJP ਸੰਸਦ ਮੈਂਬਰ ਰਵੀ ਸ਼ੰਕਰ ਪ੍ਰਸਾਦ ਦੀ ਅਗਵਾਈ ਵਾਲਾ ਵਫ਼ਦ ਬਰਤਾਨੀਆ , ਫਰਾਂਸ, ਜਰਮਨੀ, ਯੂਰੋਪੀਅਨ ਸੰਘ , ਇਟਲੀ ਅਤੇ ਡੈਨਮਾਰਕ ਦਾ ਦੌਰਾ ਕਰੇਗਾ। ਇਸੇ ਤਰਾਂ ਜਨਤਾ ਦਲ ਯੂਨਾਈਟਿਡ ਦੇ ਸੰਸਦ ਮੈਂਬਰ ਸੰਜੇ ਕੁਮਾਰ ਝਾਅ ਦੀ ਅਗਵਾਈ ਵਾਲਾ

ਤੀਜਾ ਸਮੂਹ ਇੰਡੋਨੇਸ਼ੀਆ, ਮਲੇਸ਼ੀਆ, ਦੱਖਣੀ ਕੋਰੀਆ, ਜਾਪਾਨ ਅਤੇ ਸਿੰਗਾਪੁਰ ਦਾ , ਸ਼ਿਵ ਸੈਨਾ ਦੇ ਸੰਸਦ ਮੈਂਬਰ ਸ਼੍ਰੀਕਾਂਤ ਏਕਨਾਥ ਸ਼ਿੰਦੇ ਦੀ ਅਗਵਾਈ ਵਾਲਾ ਚੌਥਾ ਸਮੂਹ ਸੰਯੁਕਤ ਅਰਬ ਅਮੀਰਾਤ, ਲਾਇਬੇਰੀਆ, ਕਾਂਗੋ ਅਤੇ ਸੀਅਰਾ ਲਿਓਨ ਦਾ ਅਤੇ ਕਾਂਗਰਸ ਸੰਸਦ ਮੈਂਬਰ ਸ਼ਸ਼ੀ ਥਰੂਰ ਦੀ ਅਗਵਾਈ ਵਾਲਾ ਵਫ਼ਦ ਅਮਰੀਕਾ , ਪਨਾਮਾ, ਗੁਆਨਾ, ਬ੍ਰਾਜ਼ੀਲ ਅਤੇ ਕੋਲੰਬੀਆ ਦਾ ਦੌਰਾ ਕਰੇਗਾ।

---------------------------------------------------------

ਪੰਜਾਬ ਦੇ ਗੁਆਂਢੀ ਸੂਬੇ ਹਰਿਆਣਾ ਦੀ ਹੱਦ ਵਾਲੇ ਪਾਸਿਓ ਆਉਂਦੇ ਨਸ਼ਿਆਂ ਨੂੰ ਰੋਕਣ ਲਈ ਸੂਬਾ  ਪੁਲੀਸ ਨੇ ਨਾਕਾਬੰਦੀ ਸਖਤ ਕਰ ਦਿੱਤੀ ਏ । ਇਸੇ ਤਹਿਤ ਮਾਨਸਾ ਦੇ ਸੀਨੀਅਰ ਕਪਤਾਨ ਪੁਲੀਸ ਭਾਗੀਰਥ ਸਿੰਘ ਮੀਨਾ ਨੇ ਦੱਸਿਆ ਕਿ ਪੁਲੀਸ ਵੱਲੋਂ ਮਾਨਸਾ ਅਤੇ ਸਿਰਸਾ ਵਿਚਕਾਰ ਪਿੰਡ ਝੰਡਾ ਖੁਰਦ, ਸੰਘਾ,ਕਾਹਨੇਵਾਲਾ,ਸੂਰਤੀਆ ਰੋਡ, ਪਿੰਡ ਜ਼ੌੜਕੀਆਂ ਵਿਖੇ ਇਹ ਅੰਤਰ-ਰਾਜ਼ੀ ਨਾਕੇਬੰਦੀ ਆਰੰਭ ਕੀਤੀ ਗਈ ਏ, ਜਦੋਂ ਕਿ ਮਾਨਸਾ ਅਤੇ ਫਤਿਆਬਾਦ (ਹਰਿਆਣਾ) ਵਿਚਕਾਰ ਪਿੰਡ ਆਹਲੂਪੁਰ,ਮੋਡਾ,ਲੱਖੀਵਾਲ ਅਤੇ ਗੋਰਖਨਾਥ ਵਿਚਕਾਰ ਅਜਿਹੀ ਅੰਤਰਰਾਜ਼ੀ ਨਾਕੇਬੰਦੀ ਦੌਰਾਨ ਪਹਿਰੇਦਾਰੀ ਕਾਇਮ ਕਰ ਦਿੱਤੀ ਗਈ ਏ । ਮਾਨਸਾ ਪੁਲੀਸ ਨੇ ਜ਼ਿਲ੍ਹੇ ਦੇ ਗੁਆਂਢੀ ਸੂਬੇ ਹਰਿਆਣਾ ਨਾਲ

ਲੱਗਦੀਆਂ ਹੱਦਾਂ ਨੂੰ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਅਪਰੇਸ਼ਨ ਸੀਲ-13 ਥਾਵਾਂ ’ਤੇ ਕੀਤਾ ਗਿਆ  ਜਿਸ ਦੌਰਾਨ ਜ਼ਿਲ੍ਹੇ ਅੰਦਰ ਦਾਖ਼ਲ ਹੋਣ ਵਾਲਿਆਂ ਦੀ ਇਨ੍ਹਾਂ ਨਾਕਾਬੰਦੀਆਂ ’ਤੇ ਪੁਲੀਸ ਵੱਲੋਂ ਚੈਕਿੰਗ ਕੀਤੀ ਜਾ ਰਹੀ ਏ। ਉਨ੍ਹਾਂ ਦੱਸਿਆ ਕਿ ਨਾਕਾਬੰਦੀ ਦੌਰਾਨ 211 ਵਾਹਨਾਂ ਤੇ 59 ਸ਼ੱਕੀ ਵਿਅਕਤੀਆਂ ਦੀ ਚੈਕਿੰਗ ਕੀਤੀ ਗਈ, ਜਿੰਨ੍ਹਾਂ ’ਚੋਂ 5 ਵਿਅਕਤੀਆਂ ਨੂੰ ਕਾਬੂ ਕਰਕੇ ਉਨ੍ਹਾਂ ਵਿਰੁੱਧ 3 ਮੁੱਕਦਮੇ ਦਰਜ ਕਰਕੇ 3 ਗ੍ਰਾਮ ਹੈਰੋਇਨ,145 ਕੈਪਸੂਲ  ਦੀ ਬਰਾਮਦ ਕੀਤੇ ਗਏ। ਜਿਲਾ ਸ੍ਰੀ ਮੁਕਤਸਰ ਸਾਹਿਬ ਦੇ ਐੱਸ ਪੀ ਜਸਮੀਤ ਸਿੰਘ ਨੇ ਦੱਸਿਆ ਕਿ ਹਰਿਆਣਾ ਰਾਜਸਥਾਨ ਸਰਹੱਦ ਤੇ ਕਰੀਬ 19 ਨਾਕੇਆ ਉਪਰ ਕਰੀਬ 150 ਮੁਲਾਜ਼ਮਾਂ ਤਾਇਨਾਤ ਕੀਤੇ ਗਏ ਨੇ। ਇਸ ਅਪ੍ਰੇਸ਼ਨ ਤਹਿਤ ਕਰੀਬ 19 ਨਾਕਿਆ ਉਪਰ ਹਰ ਆਉਣ ਵਾਲੇ ਸ਼ੱਕੀ ਵਾਹਨ ਦੀ ਤਲਾਸ਼ੀ ਲਈ ਜਾ ਰਹੀ ਤਾ ਜੋ  ਨਸ਼ੀਲੇ ਪਦਾਰਥਾਂ ਦੀ ਤਸਕਰੀ ਤੇ ਠੱਲ ਪਾਈ ਜਾ ਸਕੇ।

-----------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬੇ ਵਿੱਚ 10ਵੀਂ ਅਤੇ 12ਵੀਂ ਜਮਾਤ ਦੇ ਸ਼ਾਨਦਾਰ ਨਤੀਜੇ ਦਰਸਾਉਂਦੇ ਨੇ ਕਿ ਸੂਬਾ 'ਰੰਗਲਾ ਪੰਜਾਬ' ਬਣਨ ਵੱਲ ਵਧ ਰਿਹਾ ਏ , ਜਿਸ ਵਿੱਚ ਨੌਜਵਾਨ

ਫੈਸਲਾਕੁੰਨ ਭੂਮਿਕਾ ਨਿਭਾ ਰਹੇ ਨੇ । ਅੱਜ ਚੰਡੀਗੜ੍ਹ ਚ ਆਪਣੀ ਸਰਕਾਰੀ ਰਿਹਾਇਸ਼ 'ਤੇ 10ਵੀਂ ਅਤੇ 12ਵੀਂ ਜਮਾਤ ਵਿੱਚ ਸਿਖਰਲੀਆਂ ਪੁਜੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਦਾ ਸਨਮਾਨ ਕਰਨ ਤੋਂ ਬਾਅਦ ਮੁੱਖ ਮੰਤਰੀ ਨੇ ਕਿਹਾ ਕਿ ਇਹ ਬਹੁਤ ਮਾਣ ਵਾਲੀ ਗੱਲ ਏ ਕਿ ਪੇਂਡੂ ਖੇਤਰਾਂ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ ਏ ਅਤੇ ਪੇਂਡੂ ਇਲਾਕਿਆਂ ਦੇ ਸਕੂਲਾਂ ਦੀ ਪਾਸ ਫੀਸਦੀ 96.09 ਏ । ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸ਼ਹਿਰੀ ਸਕੂਲਾਂ ਵਿੱਚ ਵੀ ਪਾਸ ਫੀਸਦੀ ਲਗਭਗ 94 ਫੀਸਦੀ ਰਹੀ ਏ ਜੋ ਕਿ ਬੇਮਿਸਾਲ ਏ। ਸੂਬੇ ਦੇ ਕੁੱਲ 3840 ਹਾਈ ਸੈਕੰਡਰੀ ਸਕੂਲਾਂ ਵਿੱਚੋਂ ਲਗਭਗ 1000 ਸਕੂਲਾਂ ਦਾ ਨਤੀਜਾ 100 ਫੀਸਦੀ ਰਿਹਾ ਏ । ਮੁੱਖ ਮੰਤਰੀ ਨੇ ਕਿਹਾ ਕਿ ਇਨ੍ਹਾਂ ਪ੍ਰੀਖਿਆਵਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ 26 ਵਿਦਿਆਰਥੀ ਉਭਰਦੇ ਖਿਡਾਰੀ ਵੀ ਨੇ , ਜੋ ਸਿੱਖਿਆ ਦੇ ਨਾਲ-ਨਾਲ ਖੇਡ ਗਤੀਵਿਧੀਆਂ ਵਿੱਚ ਸਰਗਰਮੀ ਨਾਲ ਹਿੱਸਾ ਲੈ ਰਹੇ ਨੇ । ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਜ਼ਿਲ੍ਹਾ ਸਭ ਤੋਂ ਬਿਹਤਰ ਨਤੀਜੇ ਨਾਲ ਅਗਵਾਈ ਕਰ ਰਿਹਾ ਏ । ਇਨ੍ਹਾਂ ਹੁਸ਼ਿਆਰ ਵਿਦਿਆਰਥੀਆਂ ਦੇ ਮਾਪਿਆਂ ਅਤੇ ਅਧਿਆਪਕਾਂ ਦਾ ਧੰਨਵਾਦ ਕਰਦੇ ਹੋਏ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅਧਿਆਪਕ ਪਰਦੇ ਪਿਛਲੇ ਨਾਇਕ ਹਨ ਜਿਨ੍ਹਾਂ ਦੀ ਸਖ਼ਤ ਮਿਹਨਤ, ਲਗਨ ਅਤੇ ਸਫਲਤਾ ਉਨ੍ਹਾਂ ਦੀਆਂ ਸ਼ਾਨਦਾਰ ਪ੍ਰਾਪਤੀਆਂ

ਰਾਹੀਂ ਸਿੱਧ ਹੁੰਦੀ ਏ। ਮੁੱਖ ਮੰਤਰੀ ਨੇ ਕਿਹਾ ਕਿ ਇਨ੍ਹਾਂ ਨਤੀਜਿਆਂ ਵਿੱਚ ਕੁੜੀਆਂ ਨੇ ਇਕ ਵਾਰ ਫਿਰ ਮੁੰਡਿਆਂ ਨੂੰ ਪਿਛੇ ਛੱਡ ਦਿੱਤਾ ਏ। ਮੁੱਖ ਮੰਤਰੀ ਨੇ ਪ੍ਰੀਖਿਆਵਾਂ ਵਿੱਚ ਸ਼ਾਨਦਾਰ ਕਾਰਗੁਜ਼ਾਰੀ ਦਿਖਾਉਣ ਵਾਲੇ ਇਨ੍ਹਾਂ ਹੋਣਹਾਰ ਵਿਦਿਆਰਥੀਆਂ ਨੂੰ ਵਧਾਈ ਦਿੰਦੇ ਹੋਏ ਸੁਨਹਿਰੇ ਭਵਿੱਖ ਲਈ ਸ਼ੁੱਭ ਕਾਮਨਾਵਾਂ ਦਿੱਤੀਆਂ।

-----------------------------------------------------

ਪਟਿਆਲਾ ਦੇ ਸੰਸਦ ਮੈਂਬਰ ਡਾਕਟਰ ਧਰਮਵੀਰ ਗਾਂਧੀ ਨੇ ਦਸਿਆ ਕਿ ਰਾਜਪੁਰਾ ਮੋਹਾਲੀ ਰੇਲਵੇ ਲਿੰਕ ਲਾਈਨ ਨੂੰ ਕੇਂਦਰੀ ਰੇਲਵੇ ਤੇ ਟਰਾਂਸਪੋਰਟ ਵਿਭਾਗ ਨੇ ਮੰਨਜ਼ੂਰੀ ਦੇ ਦਿਤੀ ਏ। ਡਾਕਟਰ ਗਾਂਧੀ ਨੇ ਦਸਿਆ ਕਿ ਇਸਦੇ ਲਈ ਕੇਂਦਰ ਨੇ 202 ਕਰੋੜ ਰੁਪਏ ਮਨਜ਼ੂਰ ਕੀਤੇ ਨੇ ਪਰ ਹੁਣ ਇਹ ਰੇਲਵੇ ਲਾਈਨ ਰਾਜਪੁਰਾ ਤੋਂ ਸਿੱਧੀ ਮੋਹਾਲੀ ਨਹੀਂ ਬਲਿਕ ਰਾਜਪੁਰਾ ਤੋਂ ਬਨੂੰੜ ਹੁੰਦੇ ਹੋਏ ਮੋਹਾਲੀ ਨੂੰ ਟੋਚ ਕਰੇਗੀ। ਓਹਨਾ ਬੀਤੇ ਦਿਨੀ ਕੇਂਦਰੀ ਮੰਤਰੀ ਨਿਤਿਨ ਗਡਕਰੀ ਨਾਲ ਵੀ ਇਸ ਬਾਰੇ ਮੁਲਾਕਾਤ ਕੀਤੀ ਸੀ। ਜ਼ਿਕਰਯੋਗ ਏ ਕਿ ਇਸ ਰੇਲਵੇ ਲਿੰਕ ਲਾਈਨ ਦੇ ਬਣਨ ਨਾਲ ਅਬੋਹਰ ਤੋਂ ਸਿੱਧਾ ਮੋਹਾਲੀ ਪਹੁੰਚਣ ਚ ਅਸਾਨੀ ਹੋਵੇਗੀ । ਇਸ ਰੇਲਵੇ ਲਿੰਕ ਲਾਈਨ ਦੇ ਬਣ ਜਾਣ ਕਰਨ ਪੂਰਾ ਮਾਲਵਾ ਖਿੱਤਾ ਸਿੱਧਾ ਰਾਜਧਾਨੀ ਚੰਡੀਗੜ੍ਹ ਤੇ ਮੋਹਾਲੀ ਨਾਲ ਜੁੜ ਜਾਵੇਗਾ।

-----------------------------------------------------------------

ਭਾਰਤੀ ਸੰਵਿਧਾਨ ਦੇ ਨਿਰਮਾਤਾ, ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦੇ 134ਵੇਂ ਜਨਮ ਦਿਨ ਨੂੰ ਸਮਰਪਿਤ ਸੰਵਿਧਾਨ ਬਾਰੇ ਜਾਗ੍ਰਿਤੀ ਸਮਾਗਮ ਲੁਧਿਆਣਾ ਦੇ ਪਾਇਲ ਵਿਖੇ ਕਰਵਾਇਆ ਗਿਆ। ਸਮਾਗਮ ਵਿਚ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਉਨ੍ਹਾਂ ਨੇ ਬਾਬਾ ਸਾਹਿਬ ਡਾ.ਭੀਮ ਰਾਓ ਅੰਬੇਡਕਰ ਦੁਆਰਾ ਕੀਤੀਆਂ ਗਈਆਂ ਨਿਰਸਵਾਰਥ ਸੇਵਾਵਾਂ ਨੂੰ ਯਾਦ ਕੀਤਾ । ਉਨ੍ਹਾਂ ਕਿਹਾ ਕਿ ਬਾਬਾ ਸਾਹਿਬ ਵਲੋਂ ਦਿੱਤੀ ਗਈ ਅਨੇਕਤਾ ਵਿੱਚ ਏਕਤਾ ਦੀ ਧਾਰਨਾ ਦਾ ਮੂਲ ਸਿਧਾਂਤ ਕਈ ਚੁਣੌਤੀਆਂ ਦੇ ਬਾਵਜੂਦ ਅੱਜ ਵੀ ਬਰਕਰਾਰ ਏ । ਚੇਅਰਮੈਨ ਨੇ ਉਚੇਚੇ ਤੌਰ 'ਤੇ ਲੋਕਾਂ ਦੀਆਂ ਵੱਖ-ਵੱਖ ਵਿਭਾਗਾਂ ਵਿਚ ਬਕਾਇਆ ਸ਼ਿਕਾਇਤਾਂ ਅਤੇ ਮੁਸ਼ਕਲਾਂ ਵੀ ਸੁਣੀਆਂ।

-----------------------------------------------------------------

ਅੱਜ ਅੰਤਰਰਾਸ਼ਟਰੀ ਅਜਾਇਬ ਘਰ ਦਿਵਸ ਏ। ਇਹ ਦਿਨ ਸੱਭਿਆਚਾਰਕ ਵਟਾਂਦਰੇ, ਸਹਿਯੋਗ ਅਤੇ ਸ਼ਾਂਤੀ ਨੂੰ ਉਤਸ਼ਾਹਿਤ ਕਰਨ ਦੇ ਇੱਕ ਮਹੱਤਵਪੂਰਨ ਸਾਧਨ ਵਜੋਂ ਅਜਾਇਬ ਘਰਾਂ ਦੀ ਭੂਮਿਕਾ ਬਾਰੇ ਜਾਗਰੂਕਤਾ ਵਧਾਉਣ ਲਈ ਮਨਾਇਆ ਜਾਂਦਾ ਏ।

# ਪੇਸ਼ ਏ ਇੱਕ ਰਿਪੋਰਟ :

*ਅੰਤਰਰਾਸ਼ਟਰੀ ਅਜਾਇਬ ਘਰ ਦਿਵਸ ਹਰ ਸਾਲ 18 ਮਈ ਨੂੰ ਦੁਨੀਆ ਭਰ ਵਿਚ ਮਨਾਇਆ ਜਾਂਦਾ ਏ। ਇਸ ਸਾਲ ਦਾ ਵਿਸ਼ਾ - ਤੇਜ਼ੀ ਨਾਲ ਬਦਲ ਰਹੇ ਭਾਈਚਾਰਿਆਂ ਵਿੱਚ ਅਜਾਇਬ ਘਰਾਂ ਦਾ ਭਵਿੱਖ ਰੱਖਿਆ ਗਿਆ ਏ। ਇਸ ਮੌਕੇ ਭਾਰਤੀ ਪੁਰਾਤੱਤਵ ਸਰਵੇਖਣ ਦੀ ਸੁਰੱਖਿਆ ਅਧੀਨ ਸਾਰੇ ਸਮਾਰਕਾਂ ਅਤੇ ਅਜਾਇਬ ਘਰਾਂ ਵਿੱਚ ਅੱਜ ਮੁਫ਼ਤ ਦਾਖਲੇ ਦੀ ਸਹੂਲਤ ਦਿੱਤੀ ਗਈ ਏ। ਇਹ ਪਹਿਲਕਦਮੀ ਇਨ੍ਹਾਂ ਅਨਮੋਲ ਸੰਗ੍ਰਹਿਆਂ ਨੂੰ ਦੇਖਣ ਦਾ ਇੱਕ ਵਿਲੱਖਣ ਮੌਕਾ ਪ੍ਰਦਾਨ ਕਰਦੀ ਏ, ਜਿਨ੍ਹਾਂ ਵਿੱਚੋਂ ਬਹੁਤ ਸਾਰੇ ਭਾਰਤ ਦੀ ਅਮੀਰ ਸੱਭਿਆਚਾਰਕ ਅਤੇ ਇਤਿਹਾਸਕ ਵਿਰਾਸਤ ਨੂੰ ਸਮਝਣ ਲਈ ਮਹੱਤਵਪੂਰਨ ਨੇ। ਅੰਤਰਰਾਸ਼ਟਰੀ ਅਜਾਇਬ ਘਰ ਦਿਵਸ ਸੱਭਿਆਚਾਰਕ ਵਿਰਾਸਤ ਨੂੰ ਸੁਰੱਖਿਅਤ ਰੱਖਣ, ਸਿੱਖਿਆ ਅਤੇ ਭਾਈਚਾਰਿਆਂ ਵਿਚਕਾਰ ਸੰਵਾਦ ਨੂੰ ਉਤਸ਼ਾਹਿਤ ਕਰਨ ਵਿੱਚ ਅਜਾਇਬ ਘਰਾਂ ਦੀ ਮਹੱਤਤਾ ਨੂੰ ਰੇਖਾਂਕਿਤ ਕਰਦਾ ਏ। ਬਿਊਰੋ ਰਿਪੋਰਟ ਨਾਲ ਜਲੰਧਰ ਤੋਂ ਆਕਾਸ਼ਵਾਣੀ ਖਬਰਾਂ ਲਈ ਮੈਂ ਕਾਜਲ*

---

ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਤਿੰਨ ਨਸ਼ਾ ਤਸਕਰਾਂ ਨੂੰ 10 ਕਿਲੋ ਤੋਂ ਵੱਧ ਹੈਰੋਇਨ ਸਮੇਤ ਗ੍ਰਿਫਤਾਰ  ਕੀਤਾ ਏ । ਅੰਮ੍ਰਿਤਸਰ ਦੇ ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਪ੍ਰੈਸ ਕਾਨਫਰੰਸ ਵਿਚ ਦੱਸਿਆ ਕਿ ਮੁਲਜ਼ਮਾਂ ਦੀ ਪਛਾਣ ਆਕਾਸ਼ਦੀਪ ਸਿੰਘ, ਸੰਦੀਪ ਸਿੰਘ ਅਤੇ ਆਕਾਸ਼ਦੀਪ ਉਰਫ ਮੋਟਾ ਵਜੋਂ ਹੋਈ ਏ । ਉਹਨਾਂ ਨੇ ਦੱਸਿਆ ਕਿ ਆਰੋਪੀ ਸੰਦੀਪ ਸਿੰਘ ਪਿਛਲੇ ਛੇ ਸਾਲਾਂ ਤੋਂ ਪਾਕਿਸਤਾਨੀ ਤਸਕਰਾਂ ਦੇ ਸੰਪਰਕ ਵਿੱਚ ਸੀ ਅਤੇ ਖੁਦ ਨਸ਼ੇ ਦੀਆਂ ਖੇਪਾਂ ਸਰਹੱਦ ਤੋਂ ਲੈਕੇ ਆਉਂਦਾ ਰਿਹਾ ਏ । **BYTE**

ਪੁਲਿਸ ਨੇ ਇਨ੍ਹਾਂ ਖਿਲਾਫ ਨਸ਼ਿਆਂ ਨੂੰ ਰੋਕਣ ਬਾਰੇ  ਤਹਿਤ ਮਾਮਲਾ ਦਰਜ ਕਰਕੇ ਕਾਰਵਾਈ ਸ਼ੁਰੂ ਕਰ ਦਿੱਤੀ ਏ ।

-------------------------------------------------------

ਜਲੰਧਰ ਕਮਿਸ਼ਨਰੇਟ ਦੇ ਸੀ,ਆਈ,ਏ ਸਟਾਫ ਨੇ ਤਿੰਨ ਜਣਿਆ ਨੂੰ ਚਾਰ ਗੈਰ-ਕਾਨੂੰਨੀ ਪਿਸਤੌਲਾਂ ਅੱਠ ਜ਼ਿੰਦਾ ਕਾਰਤੂਸ ਅਤੇ 150 ਗ੍ਰਾਮ ਹੈਰੋਇਨ ਸਮੇਤ ਕਾਬੂ ਕੀਤਾ ਏ। ਪੁਲਿਸ ਕਮਿਸ਼ਨਰ ਸ੍ਰੀਮਤੀ ਧਨਪ੍ਰੀਤ ਕੌਰ ਨੇ ਕਿਹਾ ਕਿ ਟੀਮ ਨੇ ਗਸ਼ਤ ਦੌਰਾਨ ਦੋ ਸ਼ੱਕੀ ਵਿਅਕਤੀਆਂ ਨੂੰ ਦੇਖਿਆ ਅਤੇ ਉਨ੍ਹਾਂ ਦੀ ਤਲਾਸ਼ੀ ਲਈ ਗਈ। ਇਨ੍ਹਾਂ ਦੀ ਪਛਾਣ ਜਲੰਧਰ ਦੇ ਹਰਜਿੰਦਰ ਸਿੰਘ ਉਰਫ਼ ਮਨੀ ਵਾਲੀਆ ਵਜੋਂ ਹੋਈ ਏ ਜਿਸ ਕੋਲੋਂ 100 ਗ੍ਰਾਮ ਹੈਰੋਇਨ, ਇੱਕ ਪਿਸਤੌਲ ਅਤੇ ਦੋ ਜ਼ਿੰਦਾ ਕਾਰਤੂਸ ਅਤੇ ਦੂਜੇ ਦੋਸ਼ੀ, ਮੋਹਿਤ ਉਰਫ਼ ਲਵਲੀ ਕੋਲੋਂ 50 ਗ੍ਰਾਮ ਹੈਰੋਇਨ, ਇੱਕ ਪਿਸਤੌਲ ਅਤੇ ਦੋ ਜ਼ਿੰਦਾ ਕਾਰਤੂਸ ਬਰਾਮਦ ਹੋਏ । ਇਨ੍ਹਾਂ ਖਿਲਾਫ ਮਾਮਲਾ ਦਰਜ ਕੀਤਾ ਗਿਆ ਏ ।ਉਨ੍ਹਾਂ ਦਸਿਆ ਕਿ ਇਨ੍ਹਾਂ ਦਾ ਆਪਰਾਧਿਕ ਪਿਛੋਕੜ ਏ।

-------------------------------------------------------

ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਇੱਕ ਵਫ਼ਦ ਨੇ ਅੱਜ ਹਿਊਸਟਨ ਵਿੱਚ ਆਯੋਜਿਤ ਡੀ.ਸੀ.ਈ.ਟੀ ਲੀਡਰਸ਼ਿਪ ਕਾਨਫਰੰਸ ਵਿੱਚ ਹਿੱਸਾ ਲਿਆ। ਇਸ ਇਤਿਹਾਸਕ ਸਮਾਗਮ ਵਿਚ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਸਾਬਕਾ ਵਿਦਿਆਰਥੀ, ਸੀਨੀਅਰ ਅਕਾਦਮਿਕ ਅਤੇ

ਵਿਸ਼ੇਸ਼ ਮਹਿਮਾਨ ਸਮੇਤ 50 ਤੋਂ ਵੱਧ ਭਾਗੀਦਾਰਾਂ ਨੇ ਸ਼ਿਰਕਤ ਕੀਤੀ ਤਾਂ ਜੋ ਉਨ੍ਹਾਂ ਦੀ ਸਾਂਝੀ ਅਕਾਦਮਿਕ ਵਿਰਾਸਤ ਦਾ ਜਸ਼ਨ ਮਨਾਇਆ ਜਾ ਸਕੇ ਅਤੇ ਭਵਿੱਖ ਵਿੱਚ ਸਹਿਯੋਗ ਲਈ ਰਸਤੇ ਲੱਭੇ ਜਾ ਸਕਣ। ਕਾਨਫਰੰਸ ਵਿੱਚ ਹਿਊਸਟਨ ਯੂਨੀਵਰਸਿਟੀ ਦੇ ਪ੍ਰਧਾਨ, ਪ੍ਰੋ. ਰੇਣੂ ਖਟੋਰ, ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਪ੍ਰੋ. ਰੇਣੂ ਨੇ ਲੀਡਰਸ਼ਿਪ ਦੀ ਆਪਣੇ ਸ਼ਾਨਦਾਰ ਸਫ਼ਰ ਨੂਈ ਸਾਂਝਾ ਕੀਤਾ , ਜਿਸਨੇ ਹਿਊਸਟਨ ਯੂਨੀਵਰਸਿਟੀ ਨੂੰ ਅਮਰੀਕਾ ਦੀਆਂ ਚੋਟੀ ਦੀਆਂ ਯੂਨੀਵਰਸਿਟੀਆਂ ਵਿੱਚੋਂ ਇੱਕ ਵਿੱਚ ਬਦਲ ਦਿੱਤਾ। ਪ੍ਰੋ. ਵਾਈ.ਪੀ. ਵਰਮਾ; ਡਾ. ਐਸ.ਐਸ. ਭਟਨਾਗਰ ਯੂਨੀਵਰਸਿਟੀ ਇੰਸਟੀਚਿਊਟ ਆਫ਼ ਕੈਮੀਕਲ ਇੰਜੀਨੀਅਰਿੰਗ ਐਂਡ ਟੈਕਨਾਲੋਜੀ ਦੀ ਚੇਅਰਪਰਸਨ ਪ੍ਰੋ. ਅਨੁਪਮਾ ਸ਼ਰਮਾ; ਅਤੇ ਅਤੇ ਹੋਰਾਂ ਨੇ ਕਾਨਫਰੰਸ ਵਿੱਚ ਪੀ.ਯੂ ਦੀ ਨੁਮਾਇੰਦਗੀ ਕੀਤੀ।

---------------------------------------------------

ਖੇਡਾਂ ਵਿਚ SAFF ਅੰਡਰ-19 ਫੁੱਟਬਾਲ ਚੈਂਪੀਅਨਸ਼ਿਪ ਦਾ ਫਾਈਨਲ ਅੱਜ ਭਾਰਤ ਅਤੇ ਬੰਗਲਾਦੇਸ਼ ਵਿਚਕਾਰ ਖੇਡਿਆ ਜਾਵੇਗਾ । ਅਰੁਣਾਚਲ ਪ੍ਰਦੇਸ਼ ਦੇ ਯੂਪੀਆ ਵਿਚ ਇਹ ਮੈਚ ਹੁਨਤੋਂ ਥੋੜੀ ਦੇਰ ਬਾਅਦ ਸ਼ਾਮ 7 ਵਜੇ ਖੇਡਿਆ ਜਾਵੇਗਾ । ਭਾਰਤ ਨੇ ਮਾਲਦੀਵ ਨੂੰ ਹਰਾ ਕੇ ਅਤੇ

ਬੰਗਲਾਦੇਸ਼ ਨੇ ਨੇਪਾਲ ਨੂੰ ਹਰਾ ਕੇ ਫਾਈਨਲ ਵਿੱਚ ਪ੍ਰਵੇਸ਼ ਕੀਤਾ। SAFF ਅੰਡਰ-19 ਫੁੱਟਬਾਲ ਚੈਂਪੀਅਨਸ਼ਿਪ ਵਿੱਚ, ਭਾਰਤ ਅਤੇ ਬੰਗਲਾਦੇਸ਼ ਵਿਚਕਾਰ ਹੁਣ ਤੱਕ ਖੇਡੇ ਗਏ ਸਾਰੇ ਚਾਰ ਮੈਚ ਭਾਰਤ ਨੇ ਜਿੱਤੇ ਨੇ। ਓਧਰ IPL ਕ੍ਰਿਕਟ 'ਚ ਅੱਜ, ਦਿੱਲੀ ਕੈਪੀਟਲਜ਼ ਦਾ ਮੁਕਾਬਲਾ ਗੁਜਰਾਤ ਟਾਈਟਨਜ਼ ਨਾਲ ਹੋਵੇਗਾ ਇਹ ਮੈਚ ਦਿੱਲੀ ਸਥਿਤ ਅਰੁਣ ਜੇਤਲੀ ਸਟੇਡੀਅਮ ਵਿਖੇ ਸ਼ਾਮ ਸਾਢੇ 7 ਵਜੇ ਖੇਡਿਆ ਜਾਵੇਗਾ।

---------------------------------------------------------

- ਸੰਸਦੀ ਮਾਮਲਿਆਂ ਬਾਰੇ ਮੰਤਰੀ ਕਿਰੇਨ ਰਿਜੀਜੂ ਨੇ ਕਿਹਾ ਏ ਕਿ ਸੱਤ, ਸਰਬ-ਪਾਰਟੀ ਵਫ਼ਦ ਜਲਦੀ ਹੀ 32 ਦੇਸ਼ਾਂ ਨਾਲ ਗੱਲਬਾਤ ਕਰਨਗੇ।
- ਪੰਜਾਬ ਪੁਲਿਸ ਵਲੋਂ ਗੁਆਂਢੀ ਸੂਬੇ ਹਰਿਆਣਾ ਦੀ ਹੱਦ ਵਾਲੇ ਪਾਸਿਓ ਆਉਂਦੇ ਨਸ਼ਿਆਂ ਨੂੰ ਰੋਕਣ ਲਈ ਨਾਕਾਬੰਦੀ ਸਖਤ ਕੀਤੀ ।
- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ -ਸੂਬੇ ਵਿੱਚ 10ਵੀਂ ਅਤੇ 12ਵੀਂ ਜਮਾਤ ਦੇ ਸ਼ਾਨਦਾਰ ਨਤੀਜੇ ਦਰਸਾਉਂਦੇ ਨੇ ਕਿ ਨੌਜਵਾਨ ਸੂਬੇ ਨੂੰ ਰੰਗਲਾ ਪੰਜਾਬ ਬਣਾਉਣ ਵਿਚ ਫੈਸਲਾਕੁੰਨ ਭੂਮਿਕਾ ਨਿਭਾ ਰਹੇ ਨੇ।

- ਅਜਾਇਬ ਘਰਾਂ ਦੀ ਭੂਮਿਕਾ ਬਾਰੇ ਜਾਗਰੂਕਤਾ ਵਧਾਉਣ ਲਈ, ਅੱਜ ਕੌਮਾਂਤਰੀ ਅਜਾਇਬ-ਘਰ ਦਿਵਸ ਮਨਾਇਆ ਜਾ ਰਿਹਾ ਏ ।
- ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਤਿੰਨ ਨਸ਼ਾ ਤਸਕਰਾਂ ਨੂੰ, 10 ਕਿਲੋ ਤੋਂ ਵੱਧ ਹੈਰੋਇਨ ਸਮੇਤ ਕੀਤਾ ਗ੍ਰਿਫਤਾਰ।
- SAFF ਅੰਡਰ-19 ਫੁੱਟਬਾਲ ਚੈਂਪੀਅਨਸ਼ਿਪ ਦਾ ਫਾਈਨਲ ਅੱਜ ਭਾਰਤ ਅਤੇ ਬੰਗਲਾਦੇਸ਼ ਵਿਚਕਾਰ ਖੇਡਿਆ ਜਾਵੇਗਾ ।

ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ,

ਰਾਸ਼ਟਰੀਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ

ਨਮਸਕਾਰ !